# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

## ਪੀਣ ਵਾਲੇ ਪਾਣੀ ਦੀ ਦੁਰ-ਵਰਤੋਂ ਕਰਨ ਵਾਲੇ 4 ਵਿਅਕਤੀਆਂ ਦੀਆਂ ਪਾਇਪਾਂ ਕਬਜੇ ਵਿਚ ਲਈਆਂ...ਮੇਅਰ ਸ਼ਿਵ ਸੂਦ

## ਨਗਰ ਨਿਗਮ ਦੀ ਟੀਮ ਵੱਲੋਂ ਪਾਣੀ ਦੀ ਦੁਰ-ਵਰਤੋਂ ਰੋਕਣ ਲਈ ਹਰ ਰੋਜ਼ ਕੀਤੀ ਜਾ ਰਹੀ ਹੈ ਚੈਕਿੰਗ

ਹੁਸ਼ਿਆਰਪੁਰ 23 ਮਈ ਨਗਰ ਨਿਗਮ ਹੁਸ਼ਿਆਰਪੁਰ ਦੇ ਮੇਅਰ ਸ਼ਿਵ ਸੂਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੀਣ ਵਾਲੇ ਪਾਣੀ ਦੀ ਹੋ ਰਹੀ ਦੁਰ-ਵਰਤੋਂ ਦੀ ਰੋਕਥਾਮ ਲਈ ਵਾਟਰ ਸਪਲਾਈ ਇੰਸਪੈਕਟਰ ਰਵਿੰਦਰ ਕੁਮਾਰ, ਸੈਨੇਟਰੀ ਇੰਸਪੈਕਟਰ ਸੰਜੀਵ ਕੁਮਾਰ, ਕੁਲਵਿੰਦਰ ਸਿੰਘ, ਰਾਕੇਸ਼ ਕੁਮਾਰ ਅਤੇ ਸੁਨੀਲ ਕੁਮਾਰ ਨੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ, ਭਗਤ ਨਗਰ, ਦਸ਼ਮੇਸ਼ ਨਗਰ, ਭਵਾਨੀ ਨਗਰ, ਨਵੀ ਅਬਾਦੀ, ਮਾਡਲ ਟਾਊਨ, ਟਾਢਾ ਰੋਡ, ਅਨਮੋਲ ਨਗਰ, ਚੋਅ ਪਾਰ, ਨਲੋਈਆਂ, ਆਦਿ ਵਿਚ ਚੈਕਿੰਗ ਕੀਤੀ ਅਤੇ ਮੌਕੇ ਤੇ ਪੀਣ ਵਾਲੇ ਪਾਣੀ ਦੀ ਦੁਰ ਵਰਤੋਂ ਕਰ ਰਹੇ 4 ਵਿਅਕਤੀਆਂ ਦੀਆਂ ਪਾਣੀ ਵਾਲੀਆਂ ਪਾਇਪਾਂ ਕਬਜੇ ਵਿਚ ਲਈਆਂ। ਮੇਅਰ ਸ਼ਿਵ ਸੂਦ ਨੇ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਪੀਣ ਵਾਲੇ ਪਾਣੀ ਦੀ ਦੁਰ-ਵਰਤੋਂ ਨਾ ਕਰਨ ਅਤੇ ਇਸ ਦੀ ਸੰਯਮ ਨਾਲ ਵਰਤੋਂ ਕਰਨ। ਉਨਾਂ ਦੱਸਿਆ ਕਿ ਨਗਰ ਨਿਗਮ ਦੀ ਟੀਮ ਵੱਲੋਂ ਪਾਣੀ ਦੀ ਦੁਰ-ਵਰਤੋਂ ਰੋਕਣ ਲਈ ਹਰ ਰੋਜ਼ ਚੈਕਿੰਗ ਕੀਤੀ ਜਾ ਰਹੀ ਹੈ।